# ਵਰਲਡ ਪੰਜਾਬੀ ਟਾਈਮਜ਼
## WORLD PUNJABI TIMES

WORLD PUNJABI TIMES — REACHING THE WORLD

A Punjabi News Protal & Epaper From Winnipeg, Canada

Visit us at : www.worldpunjabitimes.com

Mob: 7973333573, +1 (418) 887-0162, +1 (431) 458-6922

ਮੁੱਖ ਸੰਪਾਦਕ : ਡਾ. ਸੁਰਜੀਤ ਸਿੰਘ ਸਹਿ ਸੰਪਾਦਕ: ਨਵਜੋਤ ਬਿਲਿੰਗ ਬਿਊਰੋ ਚੀਫ ਕੈਨੇਡਾ : ਅਮਰਜੀਤ ਸਿੰਘ ਬਾਵਾ ਬਿਊਰੋ ਚੀਫ ਭਾਰਤ : ਗਗਨਦੀਪ ਗਿੱਲ

Epaper World Punjabi Times 04 ਅਗਸਤ 2026 ਦਿਨ ਮੰਗਲਵਾਰ ਈ-ਪੇਪਰ ਵਰਲਡ ਪੰਜਾਬੀ ਟਾਈਮਜ਼


## ਸਕਿਓਰਟੀ ਗਾਰਡਜ਼ ਇੰਪਲਾਈਜ ਯੂਨੀਅਨ ਦੇ ਅਹੁਦੇਦਾਰ ਤੇ ਮੈਬਰਾਂ ਵੱਲੋਂ ਮੈਡੀਕਲ ਸੁਪਰਡੈਂਟ ਡਾ. ਸ੍ਰ ਅਮਰਬੀਰ ਸਿੰਘ ਬੋਪਾਰਾਏ ਅਹੁਦਾ ਸੰਭਾਲਣ ਤੇ ਫੁੱਲਾਂ ਦਾ ਬੁੱਕਾ ਭੇਟ ਕਰ ਦਿੱਤੀ ਮੁਬਾਰਕਬਾਦ।

ਵਰਲਡ ਪੰਜਾਬੀ ਟਾਈਮਜ਼ ਸ਼ਿਵਨਾਥ



ਫ਼ਰੀਦਕੋਟ 4 ਅਗਸਤ : ਅੱਜ ਗੁਰੂ ਗੋਬਿੰਦ ਸਿੰਘ ਮੈਡੀਕਲ ਕਾਲਜ ਫ਼ਰੀਦਕੋਟ ਦੇ ਸਕਿਉਰਟੀ ਗਾਰਡ ਇੰਪਲਾਈਜ ਯੂਨੀਅਨ ਦੇ ਪ੍ਰਧਾਨ ਸੁਖਵਿੰਦਰ ਸਿੰਘ ਗਿੱਲ ਜੀ ਤੇ ਜਰਨਲ ਸਕੱਤਰ ਸ਼ਿਵਨਾਥ ਦਰਦੀ ਦੀ ਅਗਵਾਈ ਹੇਠ ਚਮੜੀ ਰੋਗਾਂ ਦੇ ਮਾਹਿਰ ਡਾਂ.ਸ੍ਰ ਅਮਰਬੀਰ ਸਿੰਘ ਬੋਪਾਰਾਏ ਜੀ ਵੱਲੋ ਮੈਡੀਕਲ ਸੁਪਰਡੈਂਟ ਦਾ ਅਹੁਦਾ ਸੰਭਾਲਣ ਤੇ ਯੂਨੀਅਨ ਦੇ ਅਹੁਦੇਦਾਰ ਤੇ ਮੈਂਬਰ ਸਹਿਬਾਨ ਵੱਲੋ ਇੱਕ ਖੂਬਸੂਰਤ ਫੁੱਲਾਂ ਦਾ ਬੁੱਕਾ ਭੇਟ ਕਰ ਮੁਬਾਰਕਬਾਦ ਦਿੱਤੀ।ਓਨਾਂ ਖੁਸ਼ ਮਿਜਾਜ ਮਹੌਲ ਵਿੱਚ ਸਭ ਦਾ ਧੰਨਵਾਦ ਕੀਤਾ।

ਇਸ ਸਮੇ ਸਤਨਾਮ ਸਿੰਘ ਪੱਖੀ ਕਲਾਂ , ਰਾਜੀਵ ਕੁਮਾਰ ਸ਼ਰਮਾਂ ਸਰਬਜੀਤ ਕੌਰ ਰੁਪਾਣਾ, ਯੋਗਰਾਜ ਸਿੰਘ ਸਿੱਖਾਂਵਾਲਾ, ਵਿਜੈ ਕੁਮਾਰ ਸ਼ਰਮਾਂ, ਗੁਰਵਿੰਦਰ ਸਿੰਘ ਬਾਠ ,ਸੰਦੀਪ ਸਿੰਘ ਗਿੱਲ,ਅਮਨਦੀਪ ਸਿੰਘ ਅਰਾਈਆਂ ਵਾਲਾ ਤੇ ਇਨੋਵੀਜ਼ਨ ਕੰਪਨੀ ਦੇ ਇੰਚਾਰਜ ਲਖਵੀਰ ਸਿੰਘ ਆਦਿ ਹਾਜ਼ਰ ਸਨ।

## ਪੀ.ਏ.ਯੂ. ਦੇ ਵਿਦਿਆਰਥੀਆਂ ਨੇ ਪ੍ਰਧਾਨਮੰਤਰੀ ਦੇ ਆਨਲਾਈਨ ਭਾਸ਼ਣ ਵਿਚ ਸ਼ਿਰਕਤ ਕੀਤੀ

ਵਰਲਡ ਪੰਜਾਬੀ ਟਾਈਮਜ਼



ਲੁਧਿਆਣਾ 4 ਅਗਸਤ : ਬੀਤੇ ਦਿਨੀਂ ਪੀ.ਏ.ਯੂ. ਦੇ ਬਹੁਤ ਸਾਰੇ ਵਿਦਿਆਰਥੀ ਭਾਰਤ ਦੇ ਪ੍ਰਧਾਨਮੰਤਰੀ ਸ਼੍ਰੀ ਨਰਿੰਦਰ ਮੋਦੀ ਵੱਲੋਂ ਨਸ਼ਾ ਮੁਕਤ ਯੁਵਾ ਕਸਮ ਤਹਿਤ ਕਰਵਾਏ ਆਨਲਾਈਨ ਸੰਵਾਦ ਵਿਚ ਸ਼ਾਮਿਲ ਹੋਏ ਇਹ ਸਮਾਗਮ ਪੀ.ਏ.ਯੂ. ਦੇ ਸਮਾਜ ਉਸਾਰੀ ਦੇ ਅਹਿਦ ਨੂੰ ਹੋਰ ਪੁਖਤਾ ਕਰਨ ਲਈ ਵਿਸ਼ੇਸ਼ ਤੌਰ ਤੇ ਕਰਵਾਇਆ ਗਿਆ ਜਿਸ ਵਿਚ ਹੋਸਟਲਾਂ ਦੇ ਲਗਭਗ 400 ਵਿਦਿਆਰਥੀ, ਵਾਰਡਨ ਅਤੇ ਹੋਰ ਅਧਿਆਪਕ ਵੀ ਮੌਜੂਦ ਸਨ|

ਪੰਜਾਬ ਦੇ ਰਾਜਪਾਲ ਸ਼੍ਰੀ ਗੁਲਾਬ ਚੰਦ ਕਟਾਰੀਆ ਦੀ ਰਹਿਨੁਮਾਈ ਹੇਠ ਵਾਈਸ ਚਾਂਸਲਰ ਡਾ. ਸਤਿਬੀਰ ਸਿੰਘ ਗੋਸਲ ਨੇ ਇਸ ਸਮਾਗਮ ਨੂੰ ਪੀ.ਏ.ਯੂ. ਦੇ ਮੂਲ ਆਸ਼ੇ ਦਾ ਅਨੁਸਾਰੀ ਕਿਹਾ| ਇਕੱਠ ਨੂੰ ਸੰਬੋਧਨ ਕਰਦਿਆਂ ਉਹਨਾਂ ਵਿਦਿਆਰਥੀਆਂ ਨੂੰ ਅਪੀਲ ਕੀਤੀ ਕਿ ਉਹ ਆਪਣੀ ਅਤੇ ਸਮਾਜ ਦੀ ਉਸਾਰੀ ਲਈ ਯਤਨਸ਼ੀਲ ਰਹਿਣ| ਉਹਨਾਂ ਕਿਹਾ ਕਿ ਯੂਨੀਵਰਸਿਟੀ ਨੇ ਖੇਡਾਂ ਅਤੇ ਸੱਭਿਆਚਾਰਕ ਗਤੀਵਿਧੀਆਂ ਨੂੰ ਪ੍ਰਫੁਲਿਤ ਕਰਕੇ ਆਪਣੇ ਵਿਦਿਆਰਥੀਆਂ ਨੂੰ ਉਸਾਰੂ ਮਾਹੌਲ ਪ੍ਰਦਾਨ ਕੀਤਾ ਹੈ ਅਤੇ ਅੱਜ ਦਾ ਇਹ ਆਨਲਾਈਨ ਭਾਸ਼ਣ ਉਹਨਾਂ ਦੇ ਨਿਸ਼ਚੇ ਨੂੰ ਹੋਰ ਦ੍ਰਿੜ ਕਰੇਗਾ|

ਨਿਰਦੇਸ਼ਕ ਵਿਦਿਆਰਥੀ ਭਲਾਈ ਡਾ. ਕਮਲਜੀਤ ਸਿੰਘ ਸੂਰੀ ਨੇ ਇਸ ਭਾਸ਼ਣ ਸਮਾਰੋਹ ਵਿਚ ਸ਼ਾਮਿਲ ਹੋਣ ਵਾਲੇ ਅਧਿਆਪਕਾਂ ਅਤੇ ਵਿਦਿਆਰਥੀਆਂ ਦਾ ਸਵਾਗਤ ਕੀਤਾ| ਸਮਾਰੋਹ ਦਾ ਸੰਚਾਲਨ ਡਾ. ਵਿਸ਼ਾਲ ਬੈਕਟਰ ਨੇ ਕੀਤਾ| ਇਸ ਮੌਕੇ ਵੱਖ-ਵੱਖ ਕਾਲਜਾਂ ਦੇ ਡੀਨ, ਡਾਇਰੈਕਟਰ, ਉੱਚ ਅਧਿਕਾਰੀ ਅਤੇ ਪੀ.ਏ.ਯੂ. ਦੇ ਅਧਿਆਪਕ ਵੀ ਮੌਜੂਦ ਰਹੇ|

## ਵਿਸ਼ਵ ਪੰਜਾਬੀ ਸਭਾ ਬਰਾਪਟਨ (ਕੈਨੇਡਾ) ਵੱਲੋਂ ਪੰਜਾਬੀ ਕਵੀ ਹਰਜਿੰਦਰ ਕੰਗ ਦਾ ਸਨਮਾਨ

ਵਰਲਡ ਪੰਜਾਬੀ ਟਾਈਮਜ਼

ਲੁਧਿਆਣਾਃ 4 ਅਗਸਤ : ਵਿਸ਼ਵ ਪੰਜਾਬੀ ਸਭਾ ਬਰਾਪਟਨ (ਕੈਨੇਡਾ) ਵੱਲੋਂ ਪੰਜਾਬੀ ਕਵੀ ਹਰਜਿੰਦਰ ਕੰਗ ਦਾ ਸਨਮਾਨ ਕਰਦਿਆਂ ਸਭਾ ਦੇ ਸਰਪ੍ਰਸਤ ਸ. ਇੰਦਰਜੀਤ ਸਿੰਘ ਬੱਲ ਨੇ ਕਿਹਾ ਹੈ ਕਿ ਫਰਿਜਨੋ(ਅਮਰੀਕਾ) ਰਹਿੰਦਿਆਂ ਵੀ ਮਿਸ਼ਰੀ ਨਾਲੋਂ ਮਿੱਠੇ ਗੀਤ, ਗ਼ਜ਼ਲਾਂ ਤੇ ਕਵਿਤਾਵਾਂ ਲਿਖ ਕੇ ਹਰਜਿੰਦਰ ਕੰਗ ਨੇ ਸਾਬਤ ਕੀਤਾ ਹੈ ਕਿ ਕੋਈ ਵੀ ਦੇਸ਼ ਤੁਹਾਨੂੰ ਮਾਂ ਬੋਲੀ, ਮਾਂ ਧਰਤੀ ਨਾਲੋਂ ਤੋੜ ਨਹੀਂ ਸਕਦਾ। ਹਰਜਿੰਦਰ ਕੰਗ ਦੇ ਲਿਖੇ ਅਤੇ ਹੰਸ ਰਾਜ ਹੰਸ ਦੇ ਗਾਏ ਗੀਤਾਂ ਦੇ ਹਵਾਲੇ ਨਾਲ ਉਨ੍ਹਾਂ ਕਿਹਾ ਕਿ "ਆਪਾਂ ਦੋਵੇਂ ਰੁੱਸ ਬੈਠੇ ਤਾਂ ਮਨਾਊ ਕੌਣ ਵੇ" ਅਤੇ " ਕੁੜੀਆਂ ਚਿੜੀਆਂ ਹੁੰਦੀਆਂ ਨੇ, ਪਰ ਪਰ ਨਹੀਂ ਹੁੰਦੇ ਕੁੜੀਆਂ ਦੇ। ਪੇਕੇ ਸਹੁਰੇ ਹੁੰਦੇ ਨੇ ਪਰ ਘਰ ਨਹੀਂ ਹੁੰਦੇ ਕੁੜੀਆਂ ਦੇ" ਰਾਹੀਂ ਉਹ ਸਾਡੀ ਰੂਹ ਵਿੱਚ ਵੱਸ ਗਿਆ ਹੈ। ਡਾ. ਦਲਬੀਰ ਸਿੰਘ ਕਥੂਰੀਆ ਨੇ ਹਰਜਿੰਦਰ ਕੰਗ ਦਾ ਰੂਬਰੂ ਕਰਵਾ ਕੇ ਸਾਨੂੰ ਭਾਵਨਾ ਪੱਖੋਂ ਮਾਲਾਮਾਲ ਕੀਤਾ ਹੈ।



ਡਾ. ਦਲਬੀਰ ਸਿੰਘ ਕਥੂਰੀਆ ਨੇ ਆਪਣੇ ਸੁਆਗਤੀ ਬੋਲਾਂ ਦੇ ਨਾਲ ਹੀ ਹਰਜਿੰਦਰ ਕੰਗ ਦੀ ਜਾਣ ਪਛਾਣ ਕਰਵਾਉਂਦਿਆਂ ਦੱਸਿਆ ਕਿ ਵਿਸ਼ਵ ਪੰਜਾਬੀ ਸਭਾ ਦਾ ਮਾਟੋ ਵੀ ਕੰਗ ਸਾਹਿਬ ਦਾ ਲਿਖਿਆ ਹੋਇਆ ਹੈ ਕਿ" ਆਪਣੀ ਬੋਲੀ ਤੇ ਕੰਗ ਮਾਣ ਹੋਣਾ ਚਾਹੀਦਾ। ਬੋਲ਼ੇ ਜਦੋਂ ਬੰਦਾ ਤਾਂ ਪਛਾਣ ਹੋਣਾ ਚਾਹੀਦਾ। ਵੇਖਿਓ, ਪਛਾਣ ਵਾਲਾ ਦੀਵਾ ਨਾ ਬੁਝਾ ਦਿਉ। ਵੇਖਿਉ ਪੰਜਾਬੀਓ ਪੰਜਾਬੀ ਨਾ ਭੁਲਾ ਦਿਓ।

ਉਨ੍ਹਾਂ ਕਿਹਾ ਕਿ ਲੋਕ ਗੀਤ ਸਭਿਆਚਾਰ ਦਾ ਵਿਸ਼ਵਕੋਸ਼ ਹਨ। ਇਨ੍ਹਾਂ 'ਚੋਂ ਸਮਾਜ ਦਾ ਮੂੰਹ-ਮੱਥਾ ਦਿਸਦਾ ਹੈ। ਅਹਿਮ ਗੱਲ ਇਹ ਕਿ ਲੋਕ ਗੀਤ ਸਮਾਜਕ ਕਦਰਾਂ-ਕੀਮਤਾਂ ਦਾ ਦਸਤਾਵੇਜ਼ ਹੁੰਦੇ ਹਨ। ਜੇ ਕਿਸੇ ਸਭਿਆਚਾਰ ਨੂੰ ਦੂਜੇ ਸਭਿਆਚਾਰ ਤੋਂ ਵਖਰਿਆਉਣਾ ਹੋਵੇ ਤਾਂ ਲੋਕ ਗੀਤਾਂ ਦਾ ਸਹਾਰਾ ਲਿਆ ਜਾ ਸਕਦਾ ਹੈ। ਇਨ੍ਹਾਂ ਵਿਚ ਤਿਓਹਾਰਾਂ, ਰੁੱਤਾਂ ਅਤੇ ਲੋਕ ਕਥਾਵਾਂ ਨੂੰ ਸਾਂਭਿਆ ਗਿਆ ਹੈ। ਪੰਜਾਬੀ ਸਮਾਜ ਨੂੰ ਜੇ ਦੇਖਣਾ ਹੋਵੇ ਤਾਂ ਲੋਕ ਗੀਤਾਂ ਦੀਆਂ ਅੱਖਾਂ ਥਾਣੀਂ ਦੇਖਿਆ ਜਾ ਸਕਦਾ ਹੈ।

ਪ੍ਰੋ. ਜਾਗੀਰ ਸਿੰਘ ਕਾਹਲੋਂ ਨੇ ਡਾ. ਗੁਰੂਮੇਲ ਸਿੱਧੂ ਦੇ ਹਵਾਲੇ ਨਾਲ ਦੱਸਿਆ ਕਿ ਉਹ ਹਰਜਿੰਦਰ ਕੰਗ ਦੀਆਂ ਲਿਖਤਾਂ ਸਮੇਂ ਦੀ ਸਾਣ 'ਤੇ ਚੜ੍ਹ ਕੇ ਲੋਕਾਂ ਤਕ ਪੁੱਜਦੀਆਂ ਹਨ, ਇਸ ਲਈ ਪੀੜ੍ਹੀਆਂ ਦਾ ਸਰਮਾਇਆ ਬਣ ਜਾਂਦੀਆਂ ਹਨ। ਹਰਜਿੰਦਰ ਕੰਗ ਦੇ ਗੀਤਾਂ ਵਿਚ ਪੰਜਾਬ ਦੀ ਮਿੱਟੀ ਦੀ ਮਹਿਕ ਹੈ, ਇਨ੍ਹਾਂ ਦਾ ਲੋਕ ਗੀਤਾਂ ਵਿਚ ਸ਼ਾਮਿਲ ਹੋ ਜਾਣਾ ਬੜਾ ਸੁਭਾਵਿਕ ਹੈ। ਹਰਜਿੰਦਰ ਦੇ ਗੀਤ ਥੋੜ੍ਹੇ ਰਿਕਾਰਡ ਹੋਏ ਹਨ, ਪਰ ਉਸ ਦੇ ਗੀਤਾਂ ਨੇ ਵੱਡੇ ਰੀਕਾਰਡ ਬਣਾਏ ਹਨ।

ਇਸ ਮੌਕੇ ਬੋਲਦਿਆਂ ਹਰਜਿੰਦਰ ਕੰਗ ਨੇ ਦੱਸਿਆ ਕਿ ਮੈਂ ਆਪਣਾ ਪਿੰਡ ਕੰਗ ਜਾਗੀਰ(ਜਲੰਧਰ) ਚਾਲੀ ਸਾਲ ਪਹਿਲਾਂ ਛੱਡਿਆ ਸੀ ਪਰ ਪਿੰਡ ਨੇ ਮੈਨੂੰ ਹੁਣ ਤੀਕ ਨਹੀਂ ਛੱਡਿਆ। ਮੇਰੀਆਂ ਹੁਣ ਤੀਕ ਸਵਾਂਤੀ ਬੂੰਦ (ਗ਼ਜ਼ਲ ਸੰਗ੍ਰਹਿ), ਠੀਕਰੀ ਪਹਿਰਾ (ਗ਼ਜਲ ਸੰਗ੍ਰਹਿ), ਚੁੱਪ ਦੇ ਟੁਕੜੇ (ਕਾਵਿ ਸੰਗ੍ਰਹਿ), ਆਪਾਂ ਦੋਵੇ ਰੁੱਸ ਬੈਠੇ (ਗੀਤ ਸੰਗ੍ਰਹਿ) ਅਤੇ ਕਾਵਿ ਸੰਗ੍ਰਹਿ ਵੇਲ ਰੁਪਏ ਦੀ ਵੇਲ ਛਪ ਚੁੱਕੇ ਹਨ। ਪੰਜਾਹ ਪਚਵੰਜਾ ਗੀਤ ਵੀ ਰੀਕਾਰਡ ਹੋ ਚੁੱਕੇ ਹਨ। ਉਨ੍ਹਾਂ ਡਾ. ਦਲਬੀਰ ਸਿੰਘ ਕਥੂਰੀਆ ਤੇ ਹੋਰ ਸੱਜਣਾਂ ਦਾ ਧੰਨਵਾਦ ਕੀਤਾ। ਇਸ ਮੌਕੇ ਪਰਵਾਸੀ ਮੀਡੀਆ ਗਰੁੱਪ ਦੇ ਮੁਖੀ ਰਾਜਿੰਦਰ ਸੈਣੀ ਨੇ ਵੀ ਸਮਾਗਮ ਵਿੱਚ ਮੁੱਲਵਾਨ ਹਾਜ਼ਰੀ ਭਰੀ।

ਇਸ ਮੌਕੇ ਪਾਕਿਸਤਾਨ ਤੋਂ ਆਏ ਗਾਇਕ ਹਸਨੈਨ ਅਕਬਰ (ਬਾਬਾ ਗਰੁੱਪ) ਨੇ ਕੁਝ ਗੀਤ ਸੁਣਾ ਕੇ ਮਾਹੌਲ ਸੁਰੀਲਾ ਬਣਾ ਦਿੱਤਾ।

## ਸ਼ੇਲਿੰਦਰਜੀਤ ਰਾਜਨ ਦਾ ਕਾਵਿ ਸੰਗ੍ਰਹਿ 'ਸਾਰੀ ਧਰਤੀ ਮੇਰੀ' ਲੁਧਿਆਣਾ ਵਿੱਚ ਪ੍ਰੋ, ਗੁਰਭਜਨ ਸਿੰਘ ਗਿੱਲ ਦਰਸ਼ਨ ਬੁੱਟਰ, ਡਾ. ਸ਼ਿੰਦਰਪਾਲ ਸਿੰਘ ਤੇ ਸੁਸ਼ੀਲ ਦੋਸਾਂਝ ਵੱਲੋਂ ਲੋਕ ਅਰਪਿਤ

ਵਰਲਡ ਪੰਜਾਬੀ ਟਾਈਮਜ਼



ਲੁਧਿਆਣਾਃ 4 ਅਗਸਤ : ਉੱਘੇ ਸ਼ਾਇਰ ਸ਼ੇਲਿੰਦਰਜੀਤ ਸਿੰਘ ਰਾਜਨ (ਬਾਬਾ ਬਕਾਲਾ ਸਾਹਿਬ ਵਾਸੀ )ਦਾ ਨਵਾਂ ਕਾਵਿ ਸੰਗ੍ਰਹਿ 'ਸਾਰੀ ਧਰਤੀ ਮੇਰੀ' ਪੰਜਾਬੀ ਜੁਬਾਨ ਦੇ ਨਾਮਵਰ ਲੇਖਕ ਤੇ ਪੰਜਾਬੀ ਲੋਕ ਵਿਰਾਸਤ ਅਕਾਡਮੀ ਲੁਧਿਆਣਾ ਦੇ ਚੇਅਰਮੈਨ ਪ੍ਰੋ: ਗੁਰਭਜਨ ਸਿੰਘ ਗਿੱਲ, ਕੇਂਦਰੀ ਪੰਜਾਬੀ ਲੇਖਕ ਸਭਾ ਦੇ ਪ੍ਰਧਾਨ ਦਰਸ਼ਨ ਬੁੱਟਰ, ਗੁਰੂ ਗ੍ਰੰਥ ਸਾਹਿਬ ਯੂਨੀਵਰਸਿਟੀ ਫ਼ਤਹਿਗੜ੍ਹ ਸਾਹਿਬ ਦੇ ਸਾਬਕਾ ਰਜਿਸਟਰਾਰ ਡਾ.ਸ਼ਿੰਦਰਪਾਲ ਸਿੰਘ ਨੇ ਸਾਥੀਆਂ ਸਮੇਤ ਲੋਕ ਅਰਪਿਤ ਕੀਤਾ।

ਇਸ ਮੌਕੇ ਬੋਲਦਿਆਂ ਪ੍ਰੋ: ਗੁਰਭਜਨ ਸਿੰਘ ਗਿੱਲ ਨੇ ਕਿਹਾ ਕਿ ਸ਼ੇਲਿੰਦਰਜੀਤ ਸਿੰਘ 'ਰਾਜਨ' ਕੋਲ ਧਰਤੀ ਦੀ ਆਸਾਨ ਜ਼ੁਬਾਨ ਹੋਣ ਕਾਰਣ ਉਸਦੀ ਸ਼ਾਇਰੀ ਵਿੱਚ ਸੰਚਾਰ ਦੀ ਸਮੱਸਿਆ ਬਿਲਕੁਲ ਹੀ ਨਹੀਂ ਹੈ । ਉਸਦੀ ਕਵਿਤਾ ਵਿੱਚ ਧਰਤੀ ਦੇ ਦੁੱਖ ਸੁੱਖ ਦੀ ਅਣਕਹੀ ਵਾਰਤਾ ਹੈ । ਲੰਮ ਸਲੰਮੀ ਰਾਤ ਵਰਗੀ ਜ਼ਿੰਦਗੀ ਵਿੱਚ ਜੁਗਨੂੰਆਂ ਵਾਂਗੂੰ ਜਗਣ ਬੁਝਣ ਦੀ ਪ੍ਰਕਿਰਿਆ ਕਾਰਨ ਆਪਣੀ ਅੱਡਰੀ ਹਸਤੀ ਮੰਨਵਾਉਣ ਦੀ ਸਮਰੱਥਾ ਵੀ ਹੈ । ਉਸਦੀ ਕਵਿਤਾ ਸਾਨੂੰ ਉਂਗਲੀ ਫੜਕੇ ਨਾਲੋ-ਨਾਲ ਤੋਰਦੀ ਹੈ, ਬਾਲ ਨਿਆਣੇ ਵਾਂਗ ਨਿੱਕੀਆਂ-ਨਿੱਕੀਆਂ ਗੱਲਾਂ ਕਰਦੀ, ਹੁੰਗਾਰੇ ਮੰਗਦੀ ਪ੍ਰਤੀਤ ਹੁੰਦੀ ਹੈ । ਕੇਂਦਰੀ ਪੰਜਾਬੀ ਲੇਖਕ ਸਭਾ ਦੇ ਪ੍ਰਧਾਨ ਦਰਸ਼ਨ ਬੁੱਟਰ ਨੇ ਕਿਹਾ ਕਿ 'ਰਾਜਨ' ਅਕਸਰ ਸਾਹਿਤਕ ਸਮਾਗਮਾਂ ਦੀ ਮਿੱਠੀ ਛਬੀਲ ਲਗਾ ਕੇ ਰੱਖਦਾ ਹੈ । ਹੁਣ ਉਹ ਆਪਣੀ ਮੌਲਿਕ ਕਾਵਿ-ਕਿਰਤਾਂ ਦੀ ਪੁਸਤਕ "ਸਾਰੀ ਧਰਤੀ ਮੇਰੀ" ਨਾਲ ਕਵਿਤਾ ਵਿੱਚ ਨਵੀਆਂ ਸੰਭਾਵਨਾਵਾਂ ਲੈ ਕੇ ਹਾਜ਼ਰ ਹੈ । ਉਸਦੀ ਕਵਿਤਾ ਸਾਨੂੰ ਭਵਿੱਖ-ਮੁਖੀ ਸੰਕਟਾਂ ਪ੍ਰਤੀ ਵੀ ਸੁਚੇਤ ਕਰ ਰਹੀ ਹੈ । ਸਭਾ ਦੇ ਜਨਰਲ ਸਕੱਤਰ ਸੁਸ਼ੀਲ ਦੁਸਾਂਝ ਦਾ ਕਹਿਣਾ ਸੀ ਕਿ ਪੰਜਾਬੀ ਸਾਹਿਤ ਅਤੇ ਸਿਰਜਣਾ ਦੇ ਖੇਤਰ 'ਚ 'ਰਾਜਨ' ਨਿਰੰਤਰ ਜੁਟੇ ਰਹਿਣ ਵਾਲਾ ਗੱਭਰੂ ਕਾਮਾ ਹੈ । 'ਸਾਰੀ ਧਰਤੀ ਮੇਰੀ' ਪੁਸਤਕ ਪੰਜਾਬੀ ਕਵਿਤਾ ਦੀ ਧਰਤੀ ਨੂੰ ਹੋਰ ਜ਼ਰਖੇਜ਼ ਬਣਾਉਣ ਵਿੱਚ ਇੱਕ ਮੀਲ ਪੱਥਰ ਸਾਬਿਤ ਹੋਵੇਗੀ । ਕੇਂਦਰੀ ਸਭਾ ਦੇ ਸੀਨੀਅਰ ਮੀਤ ਪ੍ਰਧਾਨ ਮੱਖਣ ਸਿੰਘ ਕੁਹਾੜ ਨੇ ਕਿਹਾ ਕਿ ਬਾਬਾ ਬਕਾਲਾ ਸਾਹਿਬ ਦੀ ਧਰਤੀ 'ਤੇ ਸਾਹਿਤਕ ਕਿਸ਼ਤੀ ਦੇ ਮਾਂਝੀ ਵਜੋਂ ਉਭਰੇ 'ਰਾਜਨ' ਆਪਣੀ ਲੇਖਣੀ 'ਚ ਵੀ ਆਮ ਲੋਕਾਂ ਵਿੱਚੋਂ ਵਿਸ਼ੇ ਲੈ ਕੇ ਗੱਲ ਕਰਦਾ ਹੈ ਤਾਂ ਲੋਕ ਭਾਵਨਾਵਾਂ ਦੀਆਂ ਅਧੂਰੀਆਂ ਇੱਛਾਵਾਂ ਨੂੰ ਨੇੜਿਉਂ ਫੜ੍ਹਦਾ ਹੈ । 'ਰਾਜਨ' ਕੋਲ ਬਦਲ ਰਹੇ ਸਮਾਜ ਦੀ ਬਦਲਦੀ ਸਮਾਜਿਕ ਅਤੇ ਆਰਥਿਕ ਅਰਥ-ਵਿਵਸਥਾ ਨੂੰ ਘੋਖਣ, ਪੜਤਾਲਣ ਤੇ ਚਿਤਰਨ ਦੀ ਸਾਹਿਤਕ ਭਾਸ਼ਾ ਹੈ, ਜਿਸਦੀ ਸਹਾਇਤਾ ਨਾਲ ਉਹ ਆਪਣੀ ਗੱਲ ਕਹਿੰਦਾ ਹੈ।

ਕੇਂਦਰੀ ਪੰਜਾਬੀ ਲੇਖਕ ਸਭਾ ਦੇ ਜਨਰਲ ਸਕੱਤਰ ਅਤੇ ਹੁਣ ਮੈਗਜ਼ੀਨ ਦੇ ਮੁੱਖ ਸੰਪਾਦਕ ਸੁਸ਼ੀਲ ਦੋਸਾਂਝ ਨੇ ਕਿਹਾ ਕਿ ਰਾਜਨ ਦੀ ਕਹੀ ਗੱਲ 'ਚ ਸਾਰਥਿਕ ਸੁਨੇਹਾ ਹੁੰਦਾ ਹੈ । ਬਹੁਤੇ ਬੁਲਾਰਿਆ ਨੇ ਪੁਸਤਕ 'ਸਾਰੀ ਧਰਤੀ ਮੇਰੀ' ਨੂੰ ਜੀ ਆਇਆਂ ਕਿਹਾ ਕਿ 'ਰਾਜਨ' ਨੂੰ ਇਸ ਸਾਰਥਿਕ ਯਤਨ ਲਈ ਵਧਾਈ ਦਿੱਤੀ ।

ਇਸ ਮੌਕੇ ਡਾ: ਸ਼ਿੰਦਰਪਾਲ ਸਿੰਘ ਬੁਲੰਦ ਸ਼ਾਇਰ ਮਨਜਿੰਦਰ ਧਨੋਆ, ਗੁਰਮੀਤ ਸਿੰਘ ਬਾਜਵਾ ਕਲਾਨੌਰ, ਮਾ: ਮਨਜੀਤ ਸਿੰਘ ਵੱਸੀ, ਸਾਹਿੱਤ ਸਭਾ ਸਮਰਾਲਾ ਦੇ ਪ੍ਰਤੀਨਿਧ ਯਤਿੰਦਰ ਕੌਰ ਮਾਹਲ, ਡਾ: ਲੇਖ ਰਾਜ ਸੁਜਾਨਪੁਰ, ਬੂਟਾ ਰਾਮ ਅਜ਼ਾਦ, ਜ਼ਿਲ੍ਹਾ ਭਾਸ਼ਾ ਅਫ਼ਸਰ ਹੋਸ਼ਿਆਰਪੁਰ ਡਾ. ਜਸਵੰਤ ਰਾਏ, ਸੁਰਿੰਦਰਜੀਤ ਚੌਹਾਨ

## ਐੱਸ. ਪ੍ਰਸ਼ੋਤਮ ਨੇ ਆਪਣੇ ਨਵ ਪ੍ਰਕਾਸ਼ਿਤ ਕਾਵਿ ਸੰਗ੍ਰਹ " ਖਾਮੋਸ਼ੀਆਂ " ਨੂੰ ਕੀਤਾ ਮੀਟਿੰਗ ਚ ਰਸਮੀ ਤੌਰ ਤੇ ਸਾਹਿਤਕਾਰਾਂ ਨੂੰ ਭੇਂਟ

### ਸਾਹਿਤਕਾਰਾਂ ਨੇ ਖਾਮੋਸ਼ੀਆਂ ਕਾਵਿ ਸੰਗ੍ਰਹ ਲਈ ਦਿੱਤੀਆਂ ਵਧਾਈਆਂ ਤੇ ਸ਼ੁਭ ਕਾਮਨਾਵਾਂ

ਵਰਲਡ ਪੰਜਾਬੀ ਟਾਈਮਜ਼



ਅੰਮ੍ਰਿਤਸਰ, 4 ਅਗਸਤ : ਏਕਮ ਸਾਹਿਤ ਮੰਚ ਅੰਮ੍ਰਿਤਸਰ ਦੀ ਮੁੱਖ ਸੰਚਾਲਿਕਾ ਤੇ ਏਕਮ ਮੈਗਜ਼ੀਨ ਦੀ ਸੰਪਾਦਕਾ ਅਰਤਿੰਦਰ ਸੰਧੂ ਦੀ ਸਰਪ੍ਰਸਤੀ ਹੇਠ ਮੰਚ ਦੀ ਵਿਸ਼ੇਸ਼ ਰਸਮੀ ਇਕੱਤਰਤਾ ਬੀਤੇ ਦਿਨੀਂ ਹੋਈ। ਜਿਸ ਚ ਮੰਚ ਦੀ ਸਹਿਯੋਗੀ ਸੰਸਥਾ ਰਾਬਤਾ ਮੁਕਾਲਮਾ ਸਾਹਿਤ ਮੰਚ ਦੇ ਮੈਂਬਰ ਸਾਹਿਬਾਨ ਵੀ ਓਚੇਚੇ ਤੌਰ ਤੇ ਸ਼ਾਮਲ ਹੋਏ। ਸਾਹਿੱਤਕ ਨੋਕ ਝੋਂਕ ਤੇ ਵਿਚਾਰਾਂ ਚ ਅਗਲੇ ਸਾਹਿੱਤਕ ਸਮਾਗਮਾਂ ਦੀ ਚਰਚਾ ਕੀਤੀ ਗਈ। ਇਕੱਤਰਤਾ ਚ ਹਾਜ਼ਰੀਨ ਸਾਹਿਤਕਾਰਾਂ ਨੂੰ ਮੈਂ ਰਸਮੀ ਤੌਰ ਤੇ ਆਪਣੇ ਨਵ ਪ੍ਰਕਾਸ਼ਿਤ ਕਾਵਿ ਸੰਗ੍ਰਹ " ਖਾਮੋਸ਼ੀਆਂ " ਦੀਆਂ ਸਤਿਕਾਰ ਤੇ ਪਿਆਰ ਨਾਲ ਕਾਪੀਆਂ ਭੇਂਟ ਕੀਤੀਆਂ। ਹਾਜ਼ਰੀਨ ਵੱਲੋਂ ਜਿਸਦਾ ਸਾਹਿੱਤਕ ਗਰਮਜੋਸ਼ੀ ਨਾਲ ਸਵਾਗਤ ਕੀਤਾ ਅਤੇ ਉਤਸ਼ਾਹ ਚ ਮੇਰੇ ਨਾਲ ਵਧਾਈਆਂ ਸਾਂਝੀਆਂ ਕਰਦਿਆਂ ਕਾਵਿ ਸੰਗ੍ਰਹ ਖਾਮੋਸ਼ੀਆਂ ਨੂੰ ਜੀ ਆਇਆਂ ਕਹਿੰਦਿਆਂ ਜਲਦੀ ਇਸ ਉਪਰ ਵਿਚਾਰ ਗੋਸ਼ਟੀ ਕਰਵਾਉਣ ਦਾ ਫੈਸਲਾ ਸੁਣਾਇਆ। ਮੇਰੇ ਵੱਲੋਂ ਹਾਜ਼ਰੀਨ ਦਾ ਧੰਨਵਾਦ ਕੀਤਾ ਗਿਆ।ਇਕੱਤਰਤਾ ਦੀ ਮੇਜ਼ਬਾਨ ਭੈਣ ਜੀ ਅਰਤਿੰਦਰ ਹੁਰਾਂ ਚਾਹ ਪਾਰਟੀ ਚ ਸਭਨਾਂ ਦਾ ਮਿੱਠਾ ਮੂੰਹ ਕਰਵਾਇਆ। ਇਕੱਤਰਤਾ ਚ ਅਰਤਿੰਦਰ ਸੰਧੂ ਹੁਰਾਂ ਤੋਂ ਇਲਾਵਾ ਉਸਤਾਦ ਗ਼ਜ਼ਲਗੋ ਸਰਬਜੀਤ ਸੰਧੂ, ਹਰਜੀਤ ਸਿੰਘ ਸੰਧੂ, ਸਤਵਿੰਦਰ ਸਿੰਘ ਓਠੀ, ਵਿਸ਼ਵ ਪੰਜਾਬੀ ਸਭਾ ਦੇ ਕੌਮੀ ਪ੍ਰਧਾਨ, ਸਾਹਿਤ, ਕਲਾ ਤੇ ਸੱਭਿਆਚਾਰਕ ਪ੍ਰਮੋਟਰ ਸਿਫ਼ਰ ਸਤਬੀਰ ਸਿੰਘ, ਮਲਕੀਤ ਸਿੰਘ ਰਾਸੀ, ਕਵਿੱਤਰੀ ਕੰਵਲਪ੍ਰੀਤ ਕੌਰ ਥਿੰਦ, ਭਾ ਜੀ ਰਾਜਖੁਸ਼ਵੰਤ ਸਿੰਘ ਸੰਧੂ ਤੇ ਪੰਕਜ ਸਿੰਘ ਆਦਿ ਮੌਜੂਦ ਸਨ। ਇਸੇ ਦੌਰਾਨ ਵੱਖਰੇ ਤੌਰ ਤੇ ਸੀਨੀਅਰ ਪੱਤਰਕਾਰ,ਸਾਹਿਤਕਾਰ ਤੇ ਹਿੰਦ ਪਾਕਿ ਦੋਸਤੀ ਲਹਿਰ ਦੇ ਉਸਰਈਏ ਸ੍ਰੀ ਸਤਨਾਮ ਮਾਣਕ, ਪ੍ਰਗਤੀਸ਼ੀਲ ਲੇਖਕ ਸਭਾ ਦੇ ਸੂਬਾਈ ਪ੍ਰਧਾਨ ਪ੍ਰੋ: ਸੁਰਜੀਤ ਜੱਜ, ਸ਼੍ਰੋਮਣੀ ਨਾਟਕਕਾਰ ਕੇਵਲ ਧਾਲੀਵਾਲ, ਪੰਜਾਬੀ ਦੇ ਸਮਰਾਟ ਕਥਾਕਾਰ ਮੁਖ਼ਤਾਰ ਗਿੱਲ, ਫੋਕਲੋਰ ਰਿਸਰਚ ਅਕੈਡਮੀ ਦੇ ਪ੍ਰਧਾਨ ਰਮੇਸ਼ ਯਾਦਵ, ਮੈਗਜ਼ੀਨ ਅਨੁਤਾਸ਼ ਦੀ ਸੰਪਾਦਕਾ ਕਮਲ ਗਿੱਲ, ਮੈਗਜ਼ੀਨ ਮੇਘਲਾ ਦੇ ਸੰਪਾਦਕ ਜਤਿੰਦਰ ਔਲਖ ਤੇ ਮੈਗਜ਼ੀਨ ਅੱਖਰ ਦੇ ਪ੍ਰਬੰਧਕੀ ਸੰਪਾਦਕ ਧਰਵਿੰਦਰ ਔਲਖ ਹੁਰਾਂ ਨੇ ਨਵ ਪ੍ਰਕਾਸ਼ਿਤ ਕਾਵਿ " ਖਾਮੋਸ਼ੀਆਂ " ਲਈ ਵਧਾਈਆਂ ਤੇ ਸ਼ੁੱਭ ਕਾਮਨਾਵਾਂ ਸਾਂਝੀਆਂ ਕੀਤੀਆਂ।

ਕੈਪਸਨ: ਏਕਮ ਸਾਹਿਤ ਮੰਚ ਦੀ ਇਕੱਤਰਤਾ ਦੌਰਾਨ ਨਵ ਪ੍ਰਕਾਸ਼ਿਤ ਮੌਲਿਕ ਕਾਵਿ ਸੰਗ੍ਰਹ " ਖਾਮੋਸ਼ੀਆਂ " ਦੇ ਲੇਖਕ ਐੱਸ.ਪ੍ਰਸ਼ੋਤਮ ਰਸਮੀ ਤੌਰ ਤੇ ਸਾਹਿਤਕਾਰਾਂ ਨੂੰ ਕਾਵਿ ਸੰਗ੍ਰਹ ਭੇਂਟ ਕਰਦੇ ਹੋਏ।

## ਬਾਬਾ ਫਰੀਦ ਲਾਅ ਕਾਲਜ 'ਚ ਡਾ. ਵਰਿੰਦਰ ਕੌਸ਼ਿਕ ਨੇ ਬਤੌਰ ਪ੍ਰਿੰਸੀਪਲ ਅਹੁਦਾ ਸੰਭਾਲਿਆ

ਵਰਲਡ ਪੰਜਾਬੀ ਟਾਈਮਜ਼ ਟਿੰਕੂ ਕੁਮਾਰ

ਫਰੀਦਕੋਟ, 4 ਅਗਸਤ : ਸਥਾਨਕ ਬਾਬਾ ਫਰੀਦ ਲਾਅ ਕਾਲਜ ਵਿੱਚ ਮਾਨਯੋਗ ਚੇਅਰਮੈਨ ਸਵ. ਸ. ਇੰਦਰਜੀਤ ਸਿੰਘ ਖਾਲਸਾ ਜੀ ਦੀ ਅਗਾਂਹਵਧੂ ਸੋਚ ਨੂੰ ਅੱਗੇ ਵਧਾਉਂਦੇ ਹੋਏ ਸਿਮਰਜੀਤ ਸਿੰਘ ਸੇਖੋਂ (ਚੇਅਰਮੈਨ) ਦੀ ਰਹਿਨੁਮਾਈ ਹੇਠ ਡਾ. ਵਰਿੰਦਰ ਕੁਮਾਰ ਕੌਸ਼ਿਕ ਨੇ ਬਤੌਰ ਪ੍ਰਿੰਸੀਪਲ ਅਹੁਦਾ ਸੰਭਾਲਿਆ। ਇਸ ਮੌਕੇ ਕਾਲਜ ਦੀ ਮੈਨੇਜਮੈਂਟ ਕਮੇਟੀ ਦੇ ਮੈਂਬਰ ਸਾਹਿਬਾਨ ਚਰਨਜੀਤ ਸਿੰਘ ਸੇਖੋਂ (ਵਾਇਸ ਚੇਅਰਮੈਨ), ਗੁਰਜਾਪ ਸਿੰਘ ਸੇਖੋਂ (ਸਕੱਤਰ), ਸੁਰਿੰਦਰ ਸਿੰਘ ਰੋਮਾਣਾ, ਨਰਿੰਦਰਪਾਲ ਸਿੰਘ ਬਰਾੜ ਅਤੇ ਕੁਲਜੀਤ ਸਿੰਘ ਮੋਂਗੀਆ ਨੇ ਰਸਮੀ ਤੌਰ 'ਤੇ ਡਾ. ਵਰਿੰਦਰ ਕੁਮਾਰ ਕੌਸ਼ਿਕ ਨੂੰ ਪ੍ਰਿੰਸੀਪਲ ਅਹੁਦੇ ਦਾ ਚਾਰਜ ਸੌਂਪਿਆ। ਜ਼ਿਕਰਯੋਗ ਹੈ ਕਿ ਡਾ. ਵਰਿੰਦਰ ਕੁਮਾਰ ਕੌਸ਼ਿਕ, ਪੰਜਾਬੀ ਯੂਨੀਵਰਸਿਟੀ ਦੇ ਪੰਜਾਬ ਸਕੂਲ ਆਫ ਲਾਅ ਤੋ ਰਿਟਾਇਰਡ ਪ੍ਰੋਫੈਸਰ ਅਤੇ 11 ਸਾਲ ਹੈੱਡ ਆਫ ਡਿਪਾਰਟਮੈਂਟ ਦੀ ਸੇਵਾ ਨਿਭਾਅ ਚੁੱਕੇ ਹਨ।



ਇਸ ਤੋਂ ਇਲਾਵਾ ਇਹ 2 ਸਾਲ ਪੰਜਾਬੀ ਯੂਨੀਵਰਸਿਟੀ ਰਿਜਨਲ ਸੈਂਟਰ ਦੇ ਡਿਪਾਰਟਮੈਂਟ ਆਫ ਲਾਅ ਵਿੱਚ ਬਤੌਰ ਹੈੱਡ ਆਫ ਡਿਪਾਰਮੈਂਟ ਵੀ ਸੇਵਾ ਨਿਭਾਅ ਚੁੱਕੇ ਹਨ। ਇਸ ਤੋਂ ਇਲਾਵਾ ਇਹਨਾਂ ਨੇ ਪੰਜਾਬੀ ਯੂਨੀਵਰਸਿਟੀ, ਪਟਿਆਲਾ ਵਿੱਚ ਬਤੌਰ ਰਜਿਸਟਰਾਰ, ਡੀਨ (ਫੈਕਲਟੀ ਆਫ ਲਾਅ), ਪ੍ਰੋਫੈਸਰ ਇੰਚਾਰਜ (ਲੀਗਲ ਅਫੇਅਰਜ), ਲੀਗਲ ਅਡਵਾਇਜ਼ਰ ਅਤੇ ਡਾਇਰੈਕਟਰ ਆਫ ਯੂਥ ਵੈਲਫੇਅਰ ਡਿਪਾਰਟਮੈਂਟ ਵੀ ਸੇਵਾ ਨਿਭਾਈ ਹੈ। ਡਾ. ਵਰਿੰਦਰ ਕੁਮਾਰ ਕੌਸ਼ਿਕ (ਪ੍ਰਿੰਸੀਪਲ) ਚਾਰਜ ਸੰਭਾਲਣ ਉਪਰੰਤ ਸਮੂਹ ਟੀਚਿੰਗ ਅਤੇ ਨਾਨ-ਟੀਚਿੰਗ ਸਟਾਫ ਨਾਲ ਰੂ-ਬ-ਰੂ ਹੋਏ। ਇਸ ਮੌਕੇ ਡਾ. ਪੰਕਜ ਕੁਮਾਰ ਗਰਗ, ਡਾ. ਮੋਹਣ ਸਿੰਘ ਸੱਗੂ ਅਤੇ ਡਾ. ਨਵਜੋਤ ਕੌਰ ਵੀ ਮੌਜੂਦ ਰਹੇ।

ਫੋਟੋ :- ਕੇ.ਕੇ.ਪੀ.-ਗੁਰਿੰਦਰ-3-5ਈ

# ਦੇਸ਼ ਵੰਡ ਬਾਰੇ ਰੱਤ ਭਿੱਜੀਆਂ ਪੰਜ ਕਵਿਤਾਵਾਂ ਦੇ ਬਹਾਨੇ




ਦੇਸ਼ ਵੰਡ ਬਾਰੇ ਇਹ ਪੰਜ ਕਵਿਤਾਵਾਂ ਮੇਰੇ ਚੇਤਿਆਂ ਵਿੱਚ ਬਰਛੀ ਵਾਂਗ ਖੁਭੀਆਂ ਹੋਈਆਂ ਨੇ। ਅਹਿਮਦ ਰਾਹੀ, ਮੋਹਨ ਸਿੰਘ, ਅੰਮ੍ਰਿਤਾ ਪ੍ਰੀਤਮ ਡਾ. ਹਰਿਭਜਨ ਸਿੰਘ ਤੇ ਲੋਕ ਕਵੀ ਗੁਰਦਾਸ ਰਾਮ ਆਲਮ ਦੀਆਂ।

ਮੇਰੀ ਮਾਂ ਸਰਦਾਰਨੀ ਤੇਜ ਕੌਰ ਜਦ ਕਦੇ ਵੀ ਸੰਨ ਸੰਤਾਲੀ ਨੂੰ ਚੇਤੇ ਕਰਦੀ ਤਾਂ ਕੰਬ ਉੱਠਦੀ। ਮਰਦੇ ਦਮ ਤੀਕ ਮੈਂ ਉਸਦੇ ਮੂੰਹੋਂ ਆਜ਼ਾਦੀ ਸ਼ਬਦ ਨਹੀਂ ਸੀ ਸੁਣਿਆ। ਉਹ ਇਸ ਸਾਲ ਨੂੰ ਚੇਤੇ ਕਰਦਿਆਂ ਅਕਸਰ ਆਖਦੀ, ਜਦੋਂ ਭਾਜੜਾਂ ਪਈਆਂ ਸਨ। ਇਹ ਗੱਲ ਰੌਲ਼ਿਆਂ ਵੇਲੇ ਦੀ ਹੈ। ਹੱਲੇ ਗੁੱਲਿਆਂ ਵੇਲੇ ਬੰਦਾ ਬੰਦੇ ਨੂੰ ਖਾਣ ਤੀਕ ਜਾਂਦਾ ਸੀ।
ਉੱਜੜਨ ਮਗਰੋਂ ਏਧਰ ਪਿੰਡ ਬਸੰਤਕੋਟ ਚ ਵੱਸਣ ਦੇ ਬਾਦ ਵੀ ਸਾਡੀ ਪੱਤੀ ਦਾ ਨਾਮ ਪਨਾਹੀਆਂ ਦੀ ਪੱਤੀ ਹੈ।

ਇੱਕ ਵਾਰ ਕੋਈ ਸਥਾਨਕ ਵਾਸਣ ਮੇਰੀ ਮਾਂ ਨਾਲ ਲੜਦਿਆਂ ਮਿਹਣੇ ਮਾਰਨ ਲੱਗੀ ਬੋਲੀ, ਬਹੁਤੀ ਆਕੜ ਕੇ ਗੱਲ ਨਾ ਕਰ। ਹੈਂ ਤਾਂ ਓਹੀ ਓ ਨਾ, ਮੁਸਲਮਾਨਾਂ ਨਾਲ ਵਟਾਏ ਹੋਏ। ਮੈਂ ਨਿੱਕਾ ਜਿਹਾ ਸਾਂ ਉਦੋਂ। ਇਸ ਬੋਲ ਦੀ ਰੜਕ ਅਜੇ ਵੀ ਮੇਰੇ ਸੀਨੇ ਵਿੱਚ ਹੈ। ਇਹ ਕਵਿਤਾਵਾਂ ਉਸੇ ਦਰਦ ਦਾ ਦਰਦਨਾਮਾ ਹਨ।

ਇਸੇ ਕਤਲੋਗਾਰਤ ਦੇ ਮੌਸਮ ਨੂੰ ਹੀ ਕਹਾਣੀਕਾਰ ਮਹਿੰਦਰ ਸਿੰਘ ਸਰਨਾ ਨੇ ਛਵ੍ਹੀਆਂ ਦੀ ਰੁੱਤ ਕਿਹਾ ਸੀ।
ਅਹਿਮਦ ਰਾਹੀ ਦੇ ਲਿਖੇ ਬੋਲ ਤੇ ਬਚਪਨ ਵੇਲੇ ਤੋ ਬੁਲੰਦ ਲੋਕ ਗਾਇਕ ਅਮਰਜੀਤ ਗੁਰਦਾਸਪੁਰੀ ਦੇ ਗਾਏ ਬੋਲ ਮੱਥੇ ਵਿੱਚ ਵੱਜਦੇ ਨੇ ਅੱਜ ਵੀ ਸੰਤਾਲੀ ਚੇਤੇ ਕੀਤਿਆਂ।

ਚੁੰਨੀ ਮੇਰੀ ਲੀਰਾਂ ਕਤੀਰਾਂ ਭੈਣਾਂ ਦਿਓ ਵੀਰੋ!
ਵੇ ਚੁੰਨੀ ਮੇਰੀ ਲੀਰਾਂ ਕਤੀਰਾਂ
ਬੁਝੀਆਂ ਖਿੱਤੀਆਂ ਡੁੱਬ ਗਏ ਤਾਰੇ
ਰਾਤ ਹਨੇਰੀ ਖਿੱਲੀਆਂ ਮਾਰੇ
ਸਹਿਕ ਰਹੀਆਂ ਤਕਦੀਰਾਂ, ਭੈਣਾਂ ਦਿਓ ਵੀਰੋ!
ਵੇ ਚੁੰਨੀ ਮੇਰੀ ਲੀਰਾਂ ਕਤੀਰਾਂ
ਟੁੱਟੀਆਂ ਸਾਰੀਆਂ ਹੱਦਾਂ ਬੰਨੇ
ਇਥੇ ਸਾਰੇ ਹੋ ਗਏ ਅੰਨ੍ਹੇ
ਭੈਣਾਂ ਲੁੱਟੀਆਂ ਵੀਰਾਂ, ਭੈਣਾਂ ਦਿਓ ਵੀਰੋ!
ਵੇ ਚੁੰਨੀ ਮੇਰੀ ਲੀਰਾਂ ਕਤੀਰਾਂ
ਲੇਖਾਂ ਉਤੇ ਸ਼ਾਹੀਆਂ ਡੁਲ੍ਹੀਆਂ
ਸੇਜੋਂ ਡਿੱਗ ਕੇ ਪੈਰੀਂ ਰੁਲੀਆਂ
ਸੱਸੀਆਂ, ਸੋਹਣੀਆਂ, ਹੀਰਾਂ, ਭੈਣਾਂ ਦਿਓ ਵੀਰੋ!
ਵੇ ਚੁੰਨੀ ਮੇਰੀ ਲੀਰਾਂ ਕਤੀਰਾਂ
ਭੈਣ ਕਿਸੇ ਦੀ ਪਈ ਕੁਰਲਾਵੇ
ਖੁੰਝਿਆ ਵੇਲਾ ਹੱਥ ਨਾ ਆਵੇ
ਕਰ ਲਉ ਕੁਝ ਤਦਬੀਰਾਂ,
ਵੇ ਭੈਣਾਂ ਦਿਓ ਵੀਰੋ!
ਵੇ ਚੁੰਨੀ ਮੇਰੀ ਲੀਰਾਂ ਕਤੀਰਾਂ।

ਆਮ ਲੋਕਾਂ ਨੂੰ ਇਹ ਤਾਂ ਪਤਾ ਸੀ ਕਿ ਵੱਡੀਆਂ ਕੁਰਬਾਨੀਆਂ ਤੇ ਅੰਤਰ ਰਾਸ਼ਟਰੀ ਸੰਕਟ ਕਾਰਨ ਫਰੰਗੀ ਸਾਡਾ ਦੇਸ਼ ਛੱਡ ਜਾਵੇਗਾ , ਪਰ ਛੱਡਣ ਲੱਗਿਆਂ ਕਤਲੋਗਾਰਤ ਵਿੱਚ ਦਸ ਲੱਖ ਪੰਜਾਬੀਆਂ ਦੀ ਜਾਨ ਲੈ ਜਾਵੇਗਾ, ਇਹ ਖ਼੍ਵਾਬ ਖ਼ਿਆਲ ਵਿੱਚ ਵੀ ਨਹੀਂ ਸੀ। ਬੰਦੇ ਖਾਣੀ ਰੁੱਤ ਬੰਦੇ ਨੂੰ ਏਨਾ ਹੈਂਸਿਆਰਾ ਤੇ ਜ਼ਾਲਮ ਬਣਾ ਦੇਵੇਗੀ, ਕਦੇ ਨਹੀਂ ਸੀ ਸੋਚਿਆ। ਇਸੇ ਗੱਲ ਨੂੰ ਹੀ ਪ੍ਰੋ: ਮੋਹਨ ਸਿੰਘ ਨੇ ਆਪਣੀ ਵਿਸ਼ਵ ਪ੍ਰਸਿੱਧ ਨਜ਼ਮ

ਆ ਬਾਬਾ ਤੇਰਾ ਵਤਨ ਮੁੜ ਵੀਰਾਨ ਹੋ ਗਿਆ।
ਰੱਬ ਦੇ ਘਰਾਂ ਦਾ ਰਾਖਾ ਮੁੜ ਸ਼ੈਤਾਨ ਹੋ ਗਿਆ ਵਿੱਚ ਪਰੋਇਆ।
ਆ ਬਾਬਾ ਤੇਰਾ ਵਤਨ ਹੈ ਵੀਰਾਨ ਹੋ ਗਿਆ,
ਰੱਬ ਦੇ ਘਰਾਂ ਦਾ ਰਾਖਾ ਮੁੜ ਸ਼ੈਤਾਨ ਹੋ ਗਿਆ।
'ਕਲਯੁੱਗ ਹੈ ਰੱਥ ਅਗਨ ਦਾ', ਤੂੰ ਆਪ ਆਖਿਆ,
ਮੁੜ ਕੂੜ ਓਸ ਰੱਥ ਦਾ, ਰਥਵਾਨ ਹੋ ਗਿਆ।
ਜੋ ਖ਼ਾਬ ਸੀ ਤੂੰ ਦੇਖਿਆ, ਵਣ ਥੱਲੇ ਸੁੱਤਿਆਂ,
ਸੋਹਣਾ ਉਹ ਤੇਰਾ ਖ਼ਾਬ ਪਰੇਸ਼ਾਨ ਹੋ ਗਿਆ।
ਉਹ ਮੱਚੇ ਤੇਰੇ ਦੇਸ਼ ਦੀ ਹਿੱਕ ਤੇ ਉਲੰਭੜੇ,
ਪੰਜ-ਪਾਣੀਆਂ ਦਾ ਪਾਣੀ ਵੀ ਹੈਰਾਨ ਹੋ ਗਿਆ।
ਉਹ ਝੁਲੀਆਂ ਤੇਰੇ ਦੇਸ਼ ਤੇ ਮਾਰੂ ਹਨੇਰੀਆਂ,
ਉਡ ਕੇ ਅਸਾਡਾ ਆਹਲਣਾ ਕੱਖ ਕਾਨ ਹੋ ਗਿਆ।
ਜੁੱਗਾਂ ਦੀ ਸਾਂਝੀ ਸੱਭਿਤਾ ਪੈਰੀਂ ਲਿਤੜ ਗਈ,
ਸਦੀਆਂ ਦੇ ਸਾਂਝੇ ਖ਼ੂਨ ਦਾ ਵੀ ਨਹਾਣ ਹੋ ਗਿਆ।
ਵੰਡ ਬੈਠੇ ਤੇਰੇ ਪੁੱਤ ਨੇ ਸਾਂਝੇ ਸਵਰਗ ਨੂੰ,
ਵੰਡਿਆ ਸਵਰਗ ਨਰਕ ਦਾ ਸਮਿਆਨ ਹੋ ਗਿਆ।
ਉਧਰ ਧਰਮ ਗ੍ਰੰਥਾਂ ਤੇ ਮੰਦਰਾਂ ਦਾ ਜਸ ਗਿਆ,
ਏਧਰ ਮਸੀਤੋਂ ਬਾਹਰ ਹੈ ਕੁਰਆਨ ਹੋ ਗਿਆ।
ਹਿੰਦਵਾਣੀਆਂ, ਤੁਰਕਾਣੀਆਂ ਦੋਹਾਂ ਦੀ ਪਤ ਗਈ
ਬੁਰਕੇ ਸੰਧੂਰ ਦੋਹਾਂ ਦਾ ਅਪਮਾਨ ਹੋ ਗਿਆ।
ਇਕ ਪਾਸੇ ਪਾਕ, ਪਾਕੀ, ਪਾਕਿਸਤਾਨ ਹੋ ਗਿਆ,
ਇਕ ਪਾਸੇ ਹਿੰਦੂ, ਹਿੰਦੀ, ਹਿੰਦੁਸਤਾਨ ਹੋ ਗਿਆ।
ਇੱਕ ਸੱਜੀ ਤੇਰੀ ਅੱਖ ਸੀ, ਇੱਕ ਖੱਬੀ ਤੇਰੀ ਅੱਖ,
ਦੋਹਾਂ ਅੱਖਾਂ ਦਾ ਹਾਲ ਤੇ ਨੁਕਸਾਨ ਹੋ ਗਿਆ।
ਕੁਝ ਐਸਾ ਕੁਫ਼ਰ ਤੋਲਿਆ ਈਮਾਨ ਵਾਲਿਆਂ,
ਕਿ ਕੁਫ਼ਰ ਤੋਂ ਵੀ ਹੌਲਾ ਹੈ ਈਮਾਨ ਹੋ ਗਿਆ।
ਮੁੜ ਮੈਦੇ ਬਾਸਮਤੀਆਂ ਦਾ ਆਦਰ ਹੈ ਵਧਿਆ,
ਮੁੜ ਕੋਧਰੇ ਦੀ ਰੋਟੀ ਦਾ ਅਪਮਾਨ ਹੋ ਗਿਆ।
ਮੁੜ ਭਾਗੋਆਂ ਦੇ ਚਾਦਰੀਂ ਛਿੱਟੇ ਨੇ ਖ਼ੂਨ ਦੇ,
ਮੁੜ ਲਾਲੋਆਂ ਦੇ ਖ਼ੂਨ ਦਾ ਨੁਚੜਾਨ ਹੋ ਗਿਆ।
ਫਿਰ ਉਚਿਆਂ ਦੇ ਮਹਿਲਾਂ ਤੇ ਸੋਨਾ ਮੜ੍ਹੀ ਰਿਹਾ,
ਫਿਰ ਨੀਵਿਆਂ ਦੀ ਕੁੱਲੀ ਦਾ ਵੀ ਵਾਹਣ ਹੋ ਗਿਆ।
'ਉਸ ਸੁਰ ਉਸ ਗਾਉਂ' ਦਾ ਹੱਕ ਨਾਹਰਾ ਲਾਇਆ ਤੂੰ
ਇਹ ਹੱਕ ਪਰ ਨਿਹੱਕ ਤੋਂ ਕੁਰਬਾਨ ਹੋ ਗਿਆ।
ਮੁੜ ਗਾਉਣੇ ਪਏ ਨੇ ਮੈਨੂੰ ਸੋਹਲੇ ਖ਼ੂਨ ਦੇ,
ਪਾ ਪਾ ਕੇ ਕੁੰਗੂ ਰੱਤ ਦਾ ਰਤਲਾਣ ਹੋ ਗਿਆ।
ਤੂੰ ਰੱਬ ਨੂੰ ਵੰਗਾਰਿਆ, ਤੈਨੂੰ ਵੰਗਾਰਾਂ ਮੈ:
"ਆਇਆ ਨਾ ਤੈਂ ਕੀ ਦਰਦ ਐਨਾ ਘਾਣ ਹੋ ਗਿਆ।

ਅੰਮ੍ਰਿਤਾ ਪ੍ਰੀਤਮ ਦੀ ਮਸ਼ਹੂਰ ਨਜ਼ਮ ਬਹੁਤ ਯਾਦ ਆਉਂਦੀ ਹੈ।

ਅੱਜ ਆਖਾਂ ਵਾਰਸ ਸ਼ਾਹ ਨੂੰ ਕਿਤੋਂ ਕਬਰਾਂ ਵਿਚੋਂ ਬੋਲ!
ਤੇ ਅੱਜ ਕਿਤਾਬੇ-ਇਸ਼ਕ ਦਾ ਕੋਈ ਅਗਲਾ ਵਰਕਾ ਫੋਲ!

ਇਕ ਰੋਈ ਸੀ ਧੀ ਪੰਜਾਬ ਦੀ ਤੂੰ ਲਿਖ ਲਿਖ ਮਾਰੇ ਵੈਣ
ਅੱਜ ਲੱਖਾਂ ਧੀਆਂ ਰੋਂਦੀਆਂ ਤੈਨੂੰ ਵਾਰਿਸ ਸ਼ਾਹ ਨੂੰ ਕਹਿਣ:

ਉਠ ਦਰਦਮੰਦਾਂ ਦਿਆ ਦਰਦੀਆ! ਉਠ ਤੱਕ ਆਪਣਾ ਪੰਜਾਬ
ਅੱਜ ਬੇਲੇ ਲਾਸ਼ਾਂ ਵਿਛੀਆਂ ਤੇ ਲਹੂ ਦੀ ਭਰੀ ਚਨਾਬ

ਕਿਸੇ ਨੇ ਪੰਜਾਂ ਪਾਣੀਆਂ ਵਿੱਚ ਦਿੱਤੀ ਜ਼ਹਿਰ ਰਲਾ
ਤੇ ਉਹਨਾ ਪਾਣੀਆਂ ਧਰਤ ਨੂੰ ਦਿੱਤਾ ਪਾਣੀ ਲਾ

ਇਸ ਜ਼ਰਖੇਜ਼ ਜ਼ਮੀਨ ਦੇ ਲੂੰ ਲੂੰ ਫੁਟਿਆ ਜ਼ਹਿਰ
ਗਿਠ ਗਿਠ ਚੜ੍ਹੀਆਂ ਲਾਲੀਆਂ ਫੁੱਟ ਫੁੱਟ ਚੜ੍ਹਿਆ ਕਹਿਰ

ਵਿਹੁ ਵਲਿੱਸੀ ਵਾ ਫਿਰ ਵਣ ਵਣ ਵੱਗੀ ਜਾ
ਉਹਨੇ ਹਰ ਇਕ ਵਾਂਸ ਦੀ ਵੰਝਲੀ ਦਿੱਤੀ ਨਾਗ ਬਣਾ

ਪਹਿਲਾ ਡੰਗ ਮਦਾਰੀਆਂ ਮੰਤ੍ਰ ਗਏ ਗੁਆਚ
ਦੂਜੇ ਡੰਗ ਦੀ ਲੱਗ ਗਈ ਜਣੇ ਖਣੇ ਨੂੰ ਲਾਗ

ਲਾਗਾਂ ਕੀਲੇ ਲੋਕ ਮੂੰਹ ਬੱਸ ਫਿਰ ਡੰਗ ਹੀ ਡੰਗ
ਪਲੋ ਪਲੀ ਪੰਜਾਬ ਦੇ ਨੀਲੇ ਪੈ ਗਏ ਅੰਗ

ਗਲਿਓਂ ਟੁੱਟੇ ਗੀਤ ਫਿਰ ਤ੍ਰਕਲਿਓਂ ਟੁੱਟੀ ਤੰਦ
ਤ੍ਰਿੰਜਣੋ ਟੁੱਟੀਆਂ ਸਹੇਲੀਆਂ ਚਰੱਖੜੇ ਘੂਕਰ ਬੰਦ

ਸਣੇ ਸੇਜ ਦੇ ਬੇੜੀਆਂ ਲੁੱਡਣ ਦਿੱਤੀਆਂ ਰੋੜ੍ਹ
ਸਣੇ ਡਾਲੀਆਂ ਪੀਂਘ ਅੱਜ ਪਿੱਪਲਾਂ ਦਿੱਤੀ ਤੋੜ

ਜਿਥੇ ਵਜਦੀ ਸੀ ਫੂਕ ਪਿਆਰ ਦੀ ਵੇ ਉਹ ਵੰਝਲੀ ਗਈ ਗੁਆਚ
ਰਾਂਝੇ ਦੇ ਸਭ ਵੀਰ ਅੱਜ ਭੁੱਲ ਗਏ ਉਸਦੀ ਜਾਚ

ਧਰਤੀ ਤੇ ਲਹੂ ਵੱਸਿਆ ਕਬਰਾਂ ਪਈਆਂ ਚੋਣ
ਪ੍ਰੀਤ ਦੀਆਂ ਸ਼ਾਹਜ਼ਾਦੀਆਂ ਅੱਜ ਵਿੱਚ ਮਜ਼ਾਰਾਂ ਰੋਣ

ਅੱਜ ਸੱਭੇ ਕੈਦੋ ਬਣ ਗਏ, ਹੁਸਨ ਇਸ਼ਕ ਦੇ ਚੋਰ
ਅੱਜ ਕਿਥੋਂ ਲਿਆਈਏ ਲੱਭ ਕੇ ਵਾਰਿਸ ਸ਼ਾਹ ਇਕ ਹੋਰ

ਅੱਜ ਆਖਾਂ ਵਾਰਸ ਸ਼ਾਹ ਨੂੰ ਤੂੰਹੇਂ ਕਬਰਾਂ ਵਿਚੋਂ ਬੋਲ!

ਪੰਜਾਬੀ ਕਵੀ ਡਾ. ਹਰਿਭਜਨ ਸਿੰਘ ਨੇ ਵੀ ਦੇਸ਼ ਦੇ ਵੰਡਾਰੇ ਨੂੰ ਪੀੜ ਪਰੁੱਚੇ ਸ਼ਬਦਾਂ ਵਿੱਚ ਬਿਆਨਿਆ ਹੈ। ਉਸ ਦਾ ਆਪਣਾ ਸਰੋਦੀ ਅੰਦਾਜ਼ ਹੈ, ਅਸਲੋਂ ਨਿਵੇਕਲਾ।

ਸੌਂ ਜਾ ਮੇਰੇ ਮਾਲਕਾ ਵੀਰਾਨ ਹੋਈ ਰਾਤ ਨੂੰ ਮੈਂ ਆਪਣੀ ਨਜ਼ਰ ਵਿੱਚ ਬਹੁਤ ਉਚੇਰੀ ਥਾਂ ਤੇ ਰੱਖਦਾ ਹਾਂ। ਇਸ ਵਿੱਚ ਅੰਮ੍ਰਿਤਾ ਪ੍ਰੀਤਮ ਵਾਂਗ ਕਤਲੇਆਮ ਦਾ ਸਾਫ਼ ਸਪਸ਼ਟ ਜ਼ਿਕਰ ਨਹੀਂ ਪਰ ਪ੍ਰਭਾਵ ਚਿਤਰ ਪੂਰਾ ਦ੍ਰਿਸ਼ ਉਸਾਰਦੇ ਹਨ।

ਸੌਂ ਜਾ ਮੇਰੇ ਮਾਲਕਾ ਵੇ ਵਰਤਿਆ ਹਨੇਰ
ਵੇ ਕਾਲਖਾਂ ਚ ਤਾਰਿਆਂ ਦੀ ਡੁੱਬ ਗਈ ਸਵੇਰ।

ਵੇ ਪੱਸਰੀ ਜਹਾਨ ਉੱਤੇ ਮੌਤ ਦੀ ਹਵਾੜ
ਵੇ ਖਿੰਡ ਗਈਆਂ ਮਹਿਫਲਾਂ ਤੇ ਛਾ ਗਈ ਉਜਾੜ।

ਹੈ ਖੂਹਾਂ ਵਿੱਚ ਆਦਮੀ ਦੀ ਜਾਗਦੀ ਸੜ੍ਹਾਂਦ
ਤੇ ਸੌਂ ਗਏ ਨੇ ਆਦਮੀ ਤੋਂ ਸੱਖਣੇ ਗਵਾਂਢ।

ਵੇ ਸੀਤ ਨੇ ਮੁਆਤੇ ਤੇ ਗਸ਼ ਹੈ ਜ਼ਮੀਨ,
ਵੇ ਸੀਨਿਆਂ ਵਿੱਚ ਸੁੰਨ ਦੋਵੇਂ ਖ਼ੂਨ ਤੇ ਸੰਗੀਨ।

ਵੇ ਜ਼ਿੰਦਗੀ ਬੇਹੋਸ਼ ਤੇ ਖ਼ਾਮੋਸ਼ ਕਾਇਨਾਤ
ਵਿਹਲਾ ਹੋਕੇ ਸੌਂ ਗਿਆ ਐ ਲੋਹਾ ਇਸਪਾਤ।

ਸੌਂ ਜਾ ਇੰਜ ਅੱਖੀਆਂ ਚੋਂ ਅੱਖੀਆਂ ਨਾ ਕੇਰ,
ਸਿਤਾਰਿਆਂ ਦੀ ਸਦਾ ਨਹੀਂ ਡੁੱਬਣੀ ਸਵੇਰ।

ਹਮੇਸ਼ ਨਹੀਂ ਮਨੁੱਖ ਤੇ ਕੁੱਦਣਾ ਜਨੂੰਨ
ਹਮੇਸ਼ ਨਹੀਂ ਡੁੱਲਣਾ ਜ਼ਮੀਨ ਉੱਤੇ ਖ਼ੂਨ।

ਹਮੇਸ਼ ਨਾ ਵੀਰਾਨ ਹੋਣੀ ਅੱਜ ਵਾਂਗ ਰਾਤ
ਸੌਂ ਜਾ ਮੇਰੇ ਮਾਲਕਾ ਵੀਰਾਨ ਹੋਈ ਰਾਤ।
ਮੇਰੇ ਬੀਬੀ ਜੀ ਮੈਨੂੰ ਹਰ ਵਾਰ ਇਹੀ ਕਹਿੰਦੇ ਸਨ ਕਿ ਤੈਨੂੰ ਦਿੱਲੀ ਜਾ ਕੇ ਕਵਿਤਾ ਪੜ੍ਹਨ ਦਾ ਚਾਅ ਚੜ੍ਹਿਆ ਏ, ਨਾ ਜਾਇਆ ਕਰ ਇਹੋ ਜਹੇ ਥਾਈਂ।
ਉਹ ਇਸ ਮਰਨ ਰੁੱਤ ਨੂੰ ਚੇਤੇ ਕਰਕੇ ਕੰਬ ਜਾਂਦੇ ਸਨ। ਇਹ ਕਵਿਤਾ ਉਸੇ ਕਾਂਬੇ ਦੀ ਦਰਦ ਬਿਆਨੀ ਹੈ। ਦੋ ਕਿ ਸਾਲ ਪਹਿਲਾਂ ਮੈਂ ਤੇ ਜਸਵਿੰਦਰ ਜਦੋਂ ਆਪਣੇ ਜੱਦੀ ਪਿੰਡ ਨਿੱਦੋ ਕੇ(ਨਾਰੋਵਾਲ ) ਗਏ ਤਾਂ ਪਿੰਡ ਦੇ ਬਾਹਰ ਲੱਗੀ ਤਖ਼ਤੀ ਨਾਲ ਅਸਾਂ ਇਹ ਯਾਦਗਾਰੀ ਫੋਟੋ ਖਿਚਵਾਈ। ਨਾਲ ਹੀ ਗੁਰਦਾਸ ਰਾਮ ਆਲਮ ਜੀ ਦੀ ਇਹ ਕਵਿਤਾ ਚੇਤੇ ਆਈ।

ਕਿਓਂ ਬਈ ਨਿਹਾਲਿਆ ਆਜ਼ਾਦੀ ਨਹੀਂ ਵੇਖੀ,
ਨਾ ਬਈ ਭਰਾਵਾ ਨਾ ਖਾਧੀ ਨਾ ਦੇਖੀ।

ਮੈਂ ਜੱਗੂ ਤੋਂ ਸੁਣਿਆ ਅੰਬਾਲੇ ਖੜ੍ਹੀ ਸੀ,
ਬੜੀ ਭੀੜ ਉਸਦੇ ਦੁਆਲੇ ਖੜ੍ਹੀ ਸੀ।

ਆਈ ਨੂੰ ਤਾਂ ਭਾਵੇਂ ਤੀਆ ਸਾਲ ਬੀਤਾ,
ਅਸੀਂ ਤਾਂ ਅਜੇ ਤੱਕ ਦਰਸ਼ਣ ਨਹੀਂ ਕੀਤਾ।

ਦਿੱਲੀ 'ਚ ਆਉਂਦੀ ਹੈ ਸਰਦੀ ਦੀ ਰੁੱਤੇ,
ਤੇ ਹਾੜਾਂ 'ਚ ਰਹਿੰਦੀ ਪਹਾੜਾਂ ਦੇ ਉੱਤੇ।

ਗ਼ਰੀਬਾਂ ਨਾਲ ਲਗਦੀ ਲੜੀ ਹੋਈ ਆ ਖ਼ਬਰੇ,
ਅਮੀਰਾਂ ਦੇ ਹੱਥੀਂ ਚੜ੍ਹੀ ਹੋਈ ਆ ਖ਼ਬਰੇ।

ਅਖ਼ਬਾਰਾਂ 'ਚ ਪੜ੍ਹਿਆ ਜਰਵਾਣੀ ਜਿਹੀ ਏ,
ਕੋਈ ਸੋਹਣੀ ਤਾਂ ਨਹੀਂ ਐਵੇਂ ਕਾਣੀ ਜਿਹੀ ਏ।

ਮੰਨੇ ਜੇ ਉਹ ਕਹਿਣਾ ਅਸੀਂ ਵੀ ਮੰਗਾਈਏ,
ਛੰਨਾਂ ਤੇ ਢਾਰਿਆਂ 'ਚ ਭੁੰਜੇ ਸਵਾਈਏ।

ਪਰ ਏਨਾ ਪਤਾ ਨਹੀਂ ਕੀ ਖਾਂਦੀ ਹੁੰਦੀ ਏ,
ਕਿਹੜੀ ਚੀਜ਼ ਤੋਂ ਦਿਲ ਚੁਰਾਂਦੀ ਹੁੰਦੀ ਏ।

ਸ਼ਿਮਲੇ ਤਾਂ ਓਸ ਅੱਗੇ ਆਂਡੇ ਹੁੰਦੇ ਨੇ,
ਬਈ ਸਾਡੀ ਤਾਂ ਖੁਰਲੀ 'ਚ ਟਾਂਡੇ ਹੁੰਦੇ ਨੇ।